# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :22-08-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਬਿਹਾਰ ਦੇ ਗਯਾ ਵਿਖੇ ਲਗਭਗ 13 ਹਜ਼ਾਰ ਕਰੋੜ ਰੁਪਏ ਦੇ ਕਈ ਵਿਕਾਸ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਿਆ ਅਤੇ ਉਦਘਾਟਨ ਕੀਤਾ। ਇਸ ਪ੍ਰੋਜੈਕਟ ਵਿੱਚ ਗੰਗਾ ਨਦੀ ਉੱਤੇ ਲਗਭਗ ਦੋ ਕਿਲੋਮੀਟਰ ਲੰਬਾ ਪੁਲ ਸ਼ਾਮਲ ਏ, ਜੋ ਪਟਨਾ ਜ਼ਿਲ੍ਹੇ ਦੇ ਮੋਕਾਮਾ ਅਤੇ ਬੇਗੂਸਰਾਏ ਵਿਚਕਾਰ ਸਿੱਧਾ ਸੰਪਰਕ ਪ੍ਰਦਾਨ ਕਰੇਗਾ । ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ I BYTE:-

---------------------------------------------------------------------------

ਚੋਣ ਕਮਿਸ਼ਨ ਨੇ ਉਪ-ਰਾਸ਼ਟਰਪਤੀ ਚੋਣ ਲਈ ਦੋ ਨਿਗਰਾਨ ਨਿਯੁਕਤ ਕੀਤੇ ਨੇ ।ਪੰਚਾਇਤੀ ਰਾਜ ਮੰਤਰਾਲੇ ਵਿੱਚ ਵਧੀਕ ਸਕੱਤਰ ਸੁਸ਼ੀਲ ਕੁਮਾਰ ਲੋਹਾਨੀ ਅਤੇ ਵਿੱਤ ਮੰਤਰਾਲੇ ਵਿੱਚ ਵਧੀਕ ਸਕੱਤਰ ਡਾ. ਆਨੰਦਨ, ਉਪ ਰਾਸ਼ਟਰਪਤੀ ਚੋਣ ਲਈ ਨਿਗਰਾਨ ਹੋਣਗੇ। ਇਹ ਚੋਣ ਅਗਲੇ ਮਹੀਨੇ ਦੀ 9 ਤਰੀਕ ਨੂੰ ਹੋਣੀ ਏ । ਪਿਛਲੇ ਮਹੀਨੇ ਸਿਹਤ ਕਾਰਨਾਂ ਕਰਕੇ ਸ਼੍ਰੀ ਜਗਦੀਪ ਧਨਖੜ ਦੇ ਅਸਤੀਫ਼ੇ ਤੋਂ ਬਾਅਦ ਇਹ

ਚੋਣ ਜ਼ਰੂਰੀ ਹੋ ਗਈ ਸੀ। ਇਹ ਦੇਸ਼ ਵਿੱਚ 17ਵੀਂ ਉਪ-ਰਾਸ਼ਟਰਪਤੀ ਚੋਣ ਹੋਵੇਗੀ। ਉਪ-ਰਾਸ਼ਟਰਪਤੀ ਦੀ ਚੋਣ, ਲੋਕ ਸਭਾ ਅਤੇ ਰਾਜ ਸਭਾ ਦੇ ਮੈਂਬਰਾਂ ਵਾਲੇ ਚੋਣ ਮੰਡਲ ਵਲੋਂ ਕੀਤੀ ਜਾਂਦੀ ਏ ।

----------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪ੍ਰਵਾਸੀ ਭਾਰਤੀ ਉਦਯੋਗਪਤੀ ਅਤੇ ਸਮਾਜ ਸੇਵੀ, ਸਵਰਾਜ ਪੌਲ ਦੇ ਦੇਹਾਂਤ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਸ਼੍ਰੀ ਪੌਲ ਦਾ ਬਰਤਾਨੀਆ ਵਿੱਚ ਉਦਯੋਗ ਤੇ ਜਨਤਕ ਸੇਵਾ ਵਿੱਚ ਯੋਗਦਾਨ ਅਤੇ ਭਾਰਤ ਨਾਲ ਨੇੜਲੇ ਸਬੰਧਾਂ ਲਈ, ਉਨ੍ਹਾਂ ਦਾ ਮਜ਼ਬੂਤ ਸਮਰਥਨ ਹਮੇਸ਼ਾ ਯਾਦ ਰੱਖਿਆ ਜਾਵੇਗਾ। ਪ੍ਰਧਾਨ ਮੰਤਰੀ ਨੇ ਸ਼੍ਰੀ ਪੌਲ ਨਾਲ ਆਪਣੀ ਗੱਲਬਾਤ ਨੂੰ ਵੀ ਯਾਦ ਕੀਤਾ। ਸਵਰਾਜ ਪੌਲ ਦਾ ਜਨਮ 18 ਫਰਵਰੀ, 1931 ਨੂੰ ਜਲੰਧਰ ਵਿੱਚ ਹੋਇਆ ਸੀ ਅਤੇ ਉਨ੍ਹਾਂ ਨੇ ਆਪਣੀ ਹਾਈ ਸਕੂਲ ਦੀ ਪੜ੍ਹਾਈ ਇੱਥੇ ਹੀ ਪੂਰੀ ਕੀਤੀ।

----------------------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਏ ਕਿ ਪੰਜਾਬ ਸਰਕਾਰ ਵੱਲੋਂ ਪਾਣੀ ਨਾਲ ਪ੍ਰਭਾਵਿਤ ਇਲਾਕਿਆਂ ਅੰਦਰ ਲੋਕਾਂ ਨੂੰ ਮੁਕੰਮਲ ਸਿਹਤ ਸੇਵਾਵਾਂ ਦੇਣ ਤੇ ਬਿਮਾਰੀਆਂ ਦੀ ਰੋਕਥਾਮ ਲਈ ਪੁਖਤਾ ਪ੍ਰਬੰਧ ਕੀਤੇ ਗਏ ਨੇ। ਉਨ੍ਹਾਂ ਕਿਹਾ ਕਿ ਡੇਂਗੂ ,

ਡਾਇਰੀਆ ਚਿਕਨਗੁਨੀਆ ਤੋਂ ਰੋਕਥਾਮ ਲਈ ਪ੍ਰਭਾਵਿਤ ਇਲਾਕਿਆਂ ਵਿੱਚ ਵਿਸ਼ੇਸ਼ ਡਾਕਟਰੀ ਟੀਮਾਂ ਤਾਇਨਾਤ ਕਰਨ ਅਤੇ ਪਾਣੀ ਨਾਲ ਹੋਣ ਵਾਲੀਆਂ ਬਿਮਾਰੀਆਂ ਨੂੰ ਰੋਕਣ ਲਈ ਜਾਗਰੂਕਤਾ ਮੁਹਿੰਮ ਹੋਰ ਵਿਆਪਕ ਪੱਧਰ ਤੇ ਚਲਾਉਣ ਦੇ ਹੁਕਮ ਦਿੱਤੇ ਗਏ ਨੇ । ਕੱਲ ਕਪੂਰਥਲਾ ਸਿਵਲ ਹਸਪਤਾਲ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਔਖੀ ਘੜੀ ਵਿੱਚ ਲੋਕਾਂ ਦੀ ਹਰ ਸੰਭਵ ਸਹਾਇਤਾ ਕੀਤੀ ਜਾ ਰਹੀ ਏ । ਉਨਾਂ ਦੱਸਿਆ ਕਿ ਪ੍ਰਭਾਵਿਤ ਪਰਿਵਾਰਾਂ ਦੀ ਸਹੂਲਤ ਲਈ ਬੋਟ ਐਂਬੂਲੈਂਸ ਵੀ ਤਾਇਨਾਤ ਕੀਤੀ ਜਾ ਰਹੀ ਏ । ਉਨ੍ਹਾਂ ਸੁਲਤਾਨਪੁਰ ਤੇ ਭੁਲੱਥ ਦੇ ਪਾਣੀ ਨਾਲ ਪ੍ਰਭਾਵਿਤ ਖੇਤਰਾਂ ਵਿੱਚ ਸਿਹਤ ਸੇਵਾਵਾਂ ਦੀ ਸਮੀਖਿਆ ਕੀਤੀ । ਸਿਹਤ ਮੰਤਰੀ ਨੇ ਕਿਸੇ ਵੀ ਅਣਸੁਖਾਵੇਂ ਹਾਲਾਤ ਨਾਲ ਨਜਿੱਠਣ ਲਈ ਸਿਵਲ ਹਸਪਤਾਲ ਕਪੂਰਥਲਾ ਤੇ ਸੁਲਤਾਨਪੁਰ ਵਿਖੇ ਰਾਖਵੇਂ ਬੈੱਡਾਂ ਦੀ ਗਿਣਤੀ ਵਧਾਉਣ ਦੇ ਹੁਕਮ ਦਿੱਤੇ । ਉਨ੍ਹਾਂ ਗਰਭਵਤੀ ਮਹਿਲਾਵਾਂ ਤੇ ਬੱਚਿਆਂ ਦੀ ਸਿਹਤ ਵੱਲ ਵਿਸ਼ੇਸ਼ ਧਿਆਨ ਦੇਣ ਦੇ ਹੁਕਮ ਦਿੰਦਿਆਂ ਕਿਹਾ ਕਿ ਕੁਝ ਬੋਟਾਂ ਕੇਵਲ ਸਿਹਤ ਸੇਵਾਵਾਂ ਲਈ ਰਾਖਵੀਆਂ ਰੱਖੀਆਂ ਜਾਣ । ਸਿਹਤ ਮੰਤਰੀ ਨੇ ਭਾਰਤੀ ਮੈਡੀਕਲ ਐਸੋਸੀਏਸ਼ਨ ਨੂੰ ਪ੍ਰਭਾਵਿਤ ਖੇਤਰਾਂ ਵਿੱਚ ਸਿਹਤ ਸੇਵਾਵਾਂ ਲਈ ਡਾਕਟਰੀ ਸੇਵਾਵਾਂ, ਦਵਾਈਆਂ ਤੇ ਐਂਬੂਲੈਂਸ ਪ੍ਰਦਾਨ ਕਰਨ ਦੀ ਅਪੀਲ ਕੀਤੀ । ਐਸੋਸੀਏਸ਼ਨ ਵੱਲੋਂ ਸਿਹਤ

ਮੰਤਰੀ ਨੂੰ ਹਰ ਤਰ੍ਹਾਂ ਦੇ ਸਹਿਯੋਗ ਦਾ ਭਰੋਸਾ ਦਿੱਤਾ ਗਿਆ ।

---------------------------------------------------------------------

ਉੱਘੇ ਕਾਮੇਡੀਅਨ ਅਤੇ ਪੰਜਾਬੀ ਸਿਨੇਮਾ ਦੇ ਦਿੱਗਜ ਅਦਾਕਾਰ ਜਸਵਿੰਦਰ ਭੱਲਾ ਦਾ ਅੱਜ ਸਵੇਰੇ ਮੋਹਾਲੀ ਦੇ ਇੱਕ ਨਿੱਜੀ ਹਸਪਤਾਲ ਵਿੱਚ ਦੇਹਾਂਤ ਹੋ ਗਿਆ। ਉਹ 65 ਸਾਲ ਦੇ ਸਨ। ਸਾਡੇ ਪੱਤਰਕਾਰ ਨੇ ਦਸਿਆ ਕਿ ਉਨ੍ਹਾਂ ਦਾ ਅੰਤਿਮ ਸੰਸਕਾਰ ਕੱਲ੍ਹ ਦੁਪਹਿਰ 12 ਵਜੇ ਬਲੌਂਗੀ ਸਥਿਤ ਸ਼ਮਸ਼ਾਨਘਾਟ ਵਿਖੇ ਕੀਤਾ ਜਾਵੇਗਾ। ਲੁਧਿਆਣਾ ਦੇ ਦੋਰਾਹਾ ਕਸਬੇ ਵਿੱਚ ਜਨਮੇ ਜਸਵਿੰਦਰ ਭੱਲਾ ਨੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਤੋਂ M.Sc ਅਤੇ ਚੌਧਰੀ ਚਰਨ ਸਿੰਘ ਪੋਸਟ ਗ੍ਰੈਜੂਏਟ ਕਾਲਜ, ਮੇਰਠ ਤੋਂ ਪੀ.ਐਚ.ਡੀ. ਕੀਤੀ । ਅਧਿਆਪਨ ਤੋਂ ਕਾਮੇਡੀ ਅਤੇ ਫਿਲਮੀ ਦੁਨੀਆ ਵਿੱਚ ਆਏ ਜਸਵਿੰਦਰ ਭੱਲਾ ਨੇ ਆਪਣੀ ਵਿਲੱਖਣ ਹਾਸਰਸ ਸ਼ੈਲੀ ਅਤੇ ਫਿਲਮਾਂ ਵਿੱਚ ਯਾਦਗਾਰੀ ਕਿਰਦਾਰਾਂ ਨਾਲ ਮਨੋਰੰਜਨ ਜਗਤ ਵਿੱਚ ਇੱਕ ਅਮਿੱਟ ਛਾਪ ਛੱਡੀ। ਉਨ੍ਹਾਂ ਨੇ ਸਾਲ 1988 ਵਿੱਚ ਆਪਣਾ ਕਰੀਅਰ ਸ਼ੁਰੂ ਕੀਤਾ ਅਤੇ ਕੈਰੀ ਆਨ ਜੱਟਾ, ਜੱਟ ਐਂਡ ਜੂਲੀਅਟ , ਮਾਹੌਲ ਠੀਕ ਹੈ , ਵੇਖ ਬਰਾਤਾਂ ਚੱਲੀਆਂ, ਨੌਕਰ ਵੋਹਟੀ ਦਾ ਸਮੇਤ ਕਈ ਪ੍ਰਸਿੱਧ ਪੰਜਾਬੀ ਫਿਲਮਾਂ ਵਿੱਚ ਕੰਮ ਕੀਤਾ । ਉਨ੍ਹਾਂ ਦਾ ਫਿਲਮੀ ਸਫ਼ਰ ਫਿਲਮ "ਦੁੱਲਾ ਭੱਟੀ" ਨਾਲ ਸ਼ੁਰੂ ਹੋਇਆ । ਉਨ੍ਹਾਂ ਆਪਣੇ ਕਰੀਅਰ ਦੀ ਸ਼ੁਰੂਆਤ ਵਿੱਚ, ਜਲੰਧਰ ਦੂਰਦਰਸ਼ਨ ਦੇ ਵੱਖ-ਵੱਖ

ਪ੍ਰੋਗਰਾਮਾਂ ਵਿੱਚ ਵੀ ਕੰਮ ਕੀਤਾ।

---------------------------------------------------------------------

ਪੰਜਾਬ ਪੁਲਿਸ ਨੂੰ ਕੁਝ ਲੋਕਾਂ ਵਲੋਂ ਇੱਕ ਵਿਸ਼ੇਸ਼ ਰਾਜਨੀਤਿਕ ਪਾਰਟੀ ਤੋਂ ਹੋਣ ਦਾ ਦਾਅਵਾ ਕਰਦਿਆਂ ਲੋਕਾਂ ਦਾ ਨਿੱਜੀ ਡੇਟਾ ਇਕੱਠਾ ਕਰਨ ਅਤੇ ਸਰਕਾਰੀ ਕੰਮ ਕਰਵਾਉਣ ਲਈ ਉਹਨਾਂ ਤੋਂ ਕਮਿਸ਼ਨ ਦੇ ਰੂਪ ਵਿੱਚ ਪੈਸੇ ਵੀ ਇਕੱਠੇ ਕਰਨ ਬਾਰੇ ਸ਼ਿਕਾਇਤਾਂ ਮਿਲੀਆਂ ਨੇ । ਪੰਜਾਬ ਪੁਲਿਸ ਦੇ ਬੁਲਾਰੇ ਨੇ ਦੱਸਿਆ ਕਿ ਕੁਝ ਨਾਗਰਿਕਾਂ ਨੇ ਇਹ ਵੀ ਸ਼ਿਕਾਇਤ ਕੀਤੀ ਏ ਕਿ ਅਜਿਹੇ ਕੁਝ ਵਿਅਕਤੀਆਂ ਨੇ ਉਹਨਾਂ ਨਾਲ ਸੰਪਰਕ ਕੀਤਾ ਅਤੇ ਵਰਗਲਾ ਕੇ ਲੋਕਾਂ ਤੋਂ ਉਹਨਾਂ ਦੇ ਬੈਂਕ ਖਾਤਾ ਨੰਬਰ ਲੈ ਲਏ ਅਤੇ ਬਾਅਦ ਵਿੱਚ ਉਨ੍ਹਾਂ ਦੇ ਬੈਂਕ ਖਾਤੇ ਖਾਲੀ ਹੋ ਗਏ। ਬੁਲਾਰੇ ਨੇ ਕਿਹਾ ਕਿ ਅਜਿਹੀਆਂ ਸਾਰੀਆਂ ਸ਼ਿਕਾਇਤਾਂ ਦੀ ਜਾਂਚ ਕੀਤੀ ਜਾ ਰਹੀ ਏ ਅਤੇ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ । ਊਨਾ ਲੋਕਾਂ ਨੂੰ ਅਜਿਹੇ ਸਮਾਜ ਵਿਰੋਧੀ ਅਨਸਰਾਂ ਤੋਂ ਦੂਰ ਰਹਿਣ ਅਤੇ ਕਿਸੇ ਨੂੰ ਵੀ ਕੋਈ ਨਿੱਜੀ ਡੇਟਾ ਨਾ ਦੇਣ ਦੀ ਅਪੀਲ ਕੀ ਏ । ਉਨ੍ਹਾਂ ਕਿਹਾ ਕਿ ਜੇਕਰ ਉਨ੍ਹਾਂ ਦੇ ਖੇਤਰ ਵਿੱਚ ਅਜਿਹੇ ਕੋਈ ਗੈਰ-ਕਾਨੂੰਨੀ ਕੈਂਪ ਲਗਾਏ ਗਏ ਨੇ ਤਾਂ ਤੁਰੰਤ ਪੁਲਿਸ ਨੂੰ ਸੂਚਿਤ ਕੀਤਾ ਜਾਵੇ । PN

---------------------------------------------------------------------

ਪੰਜਾਬ ਪੁਲਿਸ ਨੇ ਭਾਰਤੀ ਰਾਸ਼ਟਰੀ ਸ਼ਾਹਰਾਹ ਅਥਾਰਟੀ ਹੈਲਪਲਾਈਨ 1033 ਅਤੇ ਸਾਈਬਰ ਕ੍ਰਾਈਮ ਹੈਲਪਲਾਈਨ 1930 ਨੂੰ ਏਕੀਕ੍ਰਿਤ ਕਰਕੇ ਹੁਣ ਡਾਇਲ 112 ਨਾਲ ਜੋੜ ਦਿੱਤਾ ਏ । ਪੰਜਾਬ ਦੀ ਇਸ ਏਕੀਕ੍ਰਿਤ ਸੰਕਟਕਾਲੀ ਪ੍ਰਤੀਕਿਰਿਆ ਪ੍ਰਣਾਲੀ ਰਾਹੀਂ ਹੁਣ ਨਾਗਰਿਕ ਸ਼ਾਹਰਾਹ ਤੇ ਹੋਏ ਹਾਦਸਿਆਂ ਅਤੇ ਹੋਰ ਵਾਹਨਾਂ ਸਬੰਧੀ ਹੋਰ ਦਿੱਕਤਾਂ ਦੇ ਨਾਲ-ਨਾਲ ਵਿੱਤੀ ਧੋਖਾਧੜੀ ਅਤੇ ਸਾਈਬਰ ਅਪਰਾਧਾਂ ਦੀ ਰਿਪੋਰਟ ਹੁਣ ਸਿਰਫ਼ 112 ਡਾਇਲ ਕਰਕੇ ਕਰ ਸਕਦੇ ਨੇ । ਪੰਜਾਬ ਪੁਲਿਸ ਦੇ ਮੁਖੀ ਗੌਰਵ ਯਾਦਵ ਦੇ ਨਿਰਦੇਸ਼ਾਂ ਹੇਠ ਲਾਗੂ ਕੀਤੀ ਗਈ ਇਹ ਪਹਿਲਕਦਮੀ, ਇੱਕ ਸਿੰਗਲ-ਵਿੰਡੋ ਪਲੈਟਫਾਰਮ ਤਹਿਤ ਕਈ ਮਹੱਤਵਪੂਰਨ ਸੇਵਾਵਾਂ ਪ੍ਰਦਾਨ ਕਰਦੀ ਏ ਅਤੇ ਫੌਰੀ ਸਹਾਇਤਾ ਉਪਲਬਧ ਕਰਵਾਉਣ ਲਈ ਆਸਾਨ ਪਹੁੰਚ ਨੂੰ ਯਕੀਨੀ ਬਣਾਉਂਦੀ ਏ । ਕਾਨੂੰਨ ਅਤੇ ਵਿਵਸਥਾ ਬਾਰੇ ਵਿਸ਼ੇਸ਼ DGP ਅਰਪਿਤ ਸ਼ੁਕਲਾ ਨੇ ਕਿਹਾ ਕਿ ਹੁਣ ਸ਼ਾਹਰਾਹ ’ਤੇ ਕਿਸੇ ਮੁਸੀਬਤ ਵਿੱਚ ਫਸੇ ਹੋਏ ਜਾਂ ਸਾਈਬਰ ਧੋਖਾਧੜੀ ਦਾ ਸ਼ਿਕਾਰ ਹੋਏ ਲੋਕਾਂ ਦਾ ਸਿਰਫ 112 ’ਤੇ ਇੱਕ ਕਾਲ ਨਾਲ ਹੀ ਮਸਲਾ ਹੱਲ ਹੋ ਜਾਵੇਗਾ ।